ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ,
ਫੋਨ ਨੰਬਰ: 0172-2212221

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.)
ਸਮੂਹ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.)
ਸਮੂਹ ਡਾਇਟ ਪ੍ਰਿੰਸੀਪਲ
ਸਮੂਹ ਬੀ.ਪੀ.ਈ.ਓ ਸਾਹਿਬਾਨ
ਸਮੂਹ ਸਕੂਲ ਮੁੱਖੀ
ਪੰਜਾਬ।

ਮੀਮੋ:- SCERT/PPPP/PRI./ 2021201577 ਮਿਤੀ:- 28.06.2021

**ਵਿਸ਼ਾ:-ਮਿਤੀ 01.07.2021 ਅਤੇ 02.07.2021 ਨੂੰ ਮਾਪੇ-ਅਧਿਆਪਕ ਮਿਲਣੀ (PTM) ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ 'ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ ਕਿ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਦੀ ਪੜ੍ਹਾਈ ਲਈ ਅਨੇਕਾਂ ਉਪਰਾਲੇ ਕੀਤੇ ਜਾ ਰਹੇ ਹਨ।ਗਰਮੀ ਦੀਆਂ ਛੁੱਟੀਆਂ ਦੌਰਾਨ ਵੀ ਵਿਦਿਆਰਥੀਆਂ ਨੂੰ ਪੜ੍ਹਾਈ ਨਾਲ ਜੋੜ ਕੇ ਰੱਖਣ ਲਈ ਟੀ.ਵੀ ਜਮਾਤਾਂ, ਰੋਜ਼ਾਨਾ ਸਲਾਈਡਾਂ ਆਦਿ ਦੀ ਉਪਲੱਬਧਤਾ ਬਣਾਈ ਰੱਖੀ ਗਈ ਹੈ। ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਹੁਣ ਹੋਰ ਵੀ ਯੋਜਨਾਬੰਦ ਤਰੀਕੇ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਲਗਾਤਾਰਤਾ ਬਣਾਏ ਰੱਖਣ ਲਈ, ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਭਾਗ ਵੱਲੋਂ ਅਧਿਆਪਕਾਂ ਦੇ ਸਹਿਯੋਗ ਨਾਲ ਕੀਤੇ ਜਾ ਰਹੇ ਉੱਦਮਾਂ ਅਤੇ ਪੜ੍ਹਾਈ ਲਈ ਉਪਲੱਬਧ ਸਾਧਨਾਂ ਬਾਰੇ ਜਾਣੂ ਕਰਵਾਉਣ ਲਈ ਅਤੇ ਅਧਿਆਪਕਾਂ-ਮਾਪਿਆਂ ਵਿੱਚ ਤਾਲਮੇਲ ਹੋਰ ਵਧਾਉਣ ਲਈ ਮਿਤੀ 01.07.2021 ਅਤੇ 02.07.2021 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

3.0 ਇਸ ਤੋਂ ਇਲਾਵਾ ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਰਾਜ ਨੇ ਸਕੂਲ ਸਿੱਖਿਆ ਦੇ ਪੱਖ ਤੋਂ ਭਾਰਤ ਸਰਕਾਰ ਵੱਲੋਂ ਜਾਰੀ ਕੀਤੀ ਦਰਜਾਬੰਦੀ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਹੈ। ਇਸ ਸਭ ਲਈ ਮਾਪਿਆਂ ਅਤੇ ਸਮਾਜ ਦੇ ਪੱਤਵੰਤੇ ਸੱਜਣਾਂ ਨੂੰ ਜਾਣੂ ਕਰਵਾਉਣ ਦਾ ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਮੁੱਖ ਏਜੰਡਾ ਰੱਖਿਆ ਗਿਆ ਹੈ ਤਾਂ ਜੋ ਸਕੂਲਾਂ ਵਿੱਚ ਸਿੱਖਿਆ ਦੀ ਬਿਹਤਰੀ ਲਈ ਸਹਿਯੋਗ ਕਰਨ ਵਾਲੇ ਲੋਕਾਂ ਨੂੰ ਪ੍ਰੇਰਨਾ ਮਿਲ ਸਕੇ ਅਤੇ ਲੋਕ ਹੋਰ ਵੀ ਵਿਸ਼ਵਾਸ ਨਾਲ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਿਲ ਕਰਵਾਉਣ।

4.0 ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਪ੍ਰੀ-ਪ੍ਰਾਇਮਰੀ ਤੋਂ ਲੈ ਕੇ ਬਾਰ੍ਹਵੀ ਜਮਾਤ ਤੱਕ ਦੇ ਸਮੂਹ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ, ਪੰਚਾਇਤ ਮੈਂਬਰਾਂ,

ਐੱਸ.ਐਮ.ਸੀ ਮੈਂਬਰਾਂ ਅਤੇ ਹੋਰ ਪੱਤਵੰਤੇ ਲੋਕਾਂ ਤੱਕ ਪਹੁੰਚ ਕਰਨਾ ਦਾ ਟੀਚਾ ਰੱਖਿਆ ਗਿਆ ਹੈ।

5.0 ਇਸ ਮਾਪੇ-ਅਧਿਆਪਕ ਮਿਲਣੀ ਲਈ ਅਧਿਆਪਕਾਂ ਦੀ ਅਗਵਾਈ ਲਈ ਹੇਠ ਲਿਖੇ ਅਨੁਸਾਰ ਮੁੱਖ ਏਜੰਡੇ ਰੱਖੇ ਗਏ ਹਨ :-

5.1 ਪੰਜਾਬ ਰਾਜ ਨੇ ਸਕੂਲ ਸਿੱਖਿਆ ਦੇ ਪੱਖ ਤੋਂ ਭਾਰਤ ਸਰਕਾਰ ਵੱਲੋਂ ਜਾਰੀ ਕੀਤੀ ਦਰਜਾਬੰਦੀ ਵਿੱਚ ਜੋ ਪਹਿਲਾ ਸਥਾਨ ਹਾਸਿਲ ਕੀਤਾ ਹੈ, ਉਸ ਬਾਰੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਜ਼ਰੂਰ ਦੱਸਿਆ ਜਾਵੇ ਅਤੇ ਵਿਸ਼ੇਸ਼ ਤੌਰ 'ਤੇ ਇਲਾਕੇ ਦੇ ਪੱਤਵੰਤੇ/ਸਹਿਯੋਗੀ ਸੱਜਣਾਂ, ਪੰਚਾਇਤ ਮੈਂਬਰਾਂ ਨਾਲ ਤਾਲਮੇਲ ਕਰਕੇ ਪੰਜਾਬ ਰਾਜ ਦੇ ਸਕੂਲਾਂ ਦੀ ਇਸ ਪ੍ਰਾਪਤੀ ਬਾਰੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਭਵਿੱਖ ਵਿੱਚ ਉਹਨਾਂ ਦਾ ਸਰਕਾਰੀ ਸਕੂਲਾਂ ਵਿੱਚ ਵਿਸ਼ਵਾਸ ਅਤੇ ਸਹਿਯੋਗ ਹੋਰ ਵੱਧ ਸਕੇ।

5.2 ਟੀ.ਵੀ 'ਤੇ ਚੱਲ ਰਹੀਆਂ ਜਮਾਤਾਂ ਦੇ ਸ਼ਡਿਊਲ ਬਾਰੇ ਇੱਕ ਵਾਰ ਫਿਰ ਤੋਂ ਜਾਣਕਾਰੀ ਸਾਂਝੀ ਕਰਦੇ ਹੋਏ ਇਹਨਾਂ ਜਮਾਤਾਂ ਨੂੰ ਲਗਾਉਣ ਬਾਰੇ ਗੱਲਬਾਤ ਕਰਨਾ।

5.3 ਵਿਦਿਆਰਥੀਆਂ ਦੇ ਅਭਿਆਸ ਲਈ ਭੇਜੇ ਜਾ ਰਹੇ ਸਪਲੀਮੈਂਟਰੀ ਮਟੀਰੀਅਲ, ਅਭਿਆਸ ਸ਼ੀਟਾਂ, ਰੋਜ਼ਾਨਾ ਹੋਮ ਵਰਕ, ਰੋਜ਼ਾਨਾ ਸਲਾਈਡਾਂ, ਮੁਲਾਂਕਣ ਸ਼ੀਟਾਂ ਆਦਿ ਬਾਰੇ ਜਾਣਕਾਰੀ ਦੇਣਾ।

5.4 ਅਧਿਆਪਕਾਂ ਵੱਲੋਂ ਜੋ ਆਪਣੇ ਪੱਧਰ 'ਤੇ ਆਨ-ਲਾਇਨ ਜਮਾਤਾਂ ਲਗਾਈਆਂ ਜਾ ਰਹੀਆਂ ਹਨ, ਉਹਨਾਂ ਦੀ ਸਮਾਂ ਸਾਰਣੀ ਵਿਦਿਆਰਥੀਆਂ ਦੇ ਮਾਪਿਆਂ ਨੂੰ ਨੋਟ ਕਰਵਾਉਣਾ।

5.5 ਜੁਲਾਈ ਮਹੀਨੇ ਵਿੱਚ ਕਰਵਾਏ ਜਾਣ ਵਾਲੇ ਸਿਲੇਬਸ ਬਾਰੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਜਾਣਕਾਰੀ ਦੇਣਾ।

5.6 ਅੱਪਰ-ਪ੍ਰਾਇਮਰੀ ਜਮਾਤਾਂ ਦੀਆਂ ਮਿਤੀ 5.07.2021 ਤੋਂ ਸ਼ੁਰੂ ਹੋਣ ਵਾਲੀਆਂ ਪ੍ਰੀਖਿਆਵਾਂ ਬਾਰੇ ਡੇਟ ਸੀਟ ਸਾਂਝੀ ਕਰਦੇ ਹੋਏ ਮਾਪਿਆਂ ਨੂੰ ਜਾਣੂੰ ਕਰਵਾਉਣਾ।

6.0 ਇਸ ਮਾਪੇ-ਅਧਿਆਪਕ ਮਿਲਣੀ ਲਈ ਅਧਿਆਪਕਾਂ ਨੂੰ ਆਨ-ਲਾਈਨ ਮੀਟਿੰਗਾਂ,ਫੋਨ ਰਾਹੀਂ ਕਾਲ / ਵੀਡੀਓ ਕਾਲ ਕਰਨ ਅਤੇ COVID-19 ਸਬੰਧੀ ਜਾਰੀ ਹੋਈਆਂ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਮਾਪਿਆਂ ਨਾਲ ਤਾਲਮੇਲ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

7.0 ਇਸ ਮਾਪੇ-ਅਧਿਆਪਕ ਮਿਲਣੀ ਨੂੰ ਸਫਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ, ਅਧਿਆਪਕ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਰੋਜ਼ਾਨਾ ਪੱਧਰ 'ਤੇ ਪੋਸਟਰ ਜਾਰੀ ਕਰਕੇ, ਆਡੀਓ/ਵੀਡੀਓ/ਲਿਖਤੀ ਮੈਸਿਜ ਰਾਹੀਂ, ਧਾਰਮਿਕ ਸੰਸਥਾਵਾਂ ਤੋਂ ਅਨਾਊਂਸਮੈਂਟ ਕਰਵਾਕੇ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ ਅਤੇ ਕਮਿਊਨਿਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂੰ ਕਰਵਾਉਣਗੇ।

8.0 ਇਸ ਮਾਪੇ-ਅਧਿਆਪਕ ਮਿਲਣੀ ਦੀ ਤਿਆਰੀ ਸਬੰਧੀ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.),ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.), ਡਾਇਟ ਪ੍ਰਿੰਸੀਪਲ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸੀ.ਐੱਚ.ਟੀ ਅਤੇ ਸਕੂਲ ਮੁੱਖੀ/ਇੰਚਾਰਜ ਨਿਰਧਾਰਿਤ ਮਿਤੀਆਂ ਤੋਂ ਪਹਿਲਾਂ ਅਧਿਆਪਕਾਂ ਨਾਲ ਮੀਟਿੰਗਾਂ ਕਰਕੇ ਇਸ ਨੂੰ ਸਫ਼ਲ ਬਣਾਉਣ ਲਈ ਯੋਜਨਾਬੰਦੀ ਕਰਨਗੇ।

9.0 ਸਮੂਹ ਅਧਿਕਾਰੀ ਅਤੇ ਸਕੂਲ ਮੁੱਖੀ ਸਾਹਿਬਾਨ ਆਪਣੇ ਅਧਿਆਪਕਾਂ ਨੂੰ ਹੱਲਾਸ਼ੇਰੀ ਦੇਣ ਲਈ ਅਤੇ ਵਿਦਿਆਰਥੀਆਂ/ਮਾਪਿਆਂ/ਐੱਸ.ਐਮ.ਸੀ ਮੈਂਬਰਾਂ/ਪੰਚਾਇਤ ਮੈਂਬਰਾਂ ਅਤੇ ਹੋਰ ਪੱਤਵੰਤੇ ਲੋਕਾਂ ਨਾਲ ਸਿੱਧਾ ਤਾਲਮੇਲ ਕਰਕੇ ਉਹਨਾਂ ਦੇ ਸੁਝਾਅ ਜ਼ਰੂਰ ਲੈਣ ਲਈ ਰੈਂਡਮ ਪੱਧਰ 'ਤੇ ਮੀਟਿੰਗਾਂ ਵਿੱਚ ਸ਼ਮੂਲੀਅਤ ਜ਼ਰੂਰ ਕਰਨ।

10.0 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਜਿਆਦਾ ਗਿਣਤੀ ਵਾਲੇ ਸਕੂਲਾਂ ਦੇ ਅਧਿਆਪਕ ਨੂੰ ਸਹਿਯੋਗੀ ਵਜੋਂ ਭੂਮਿਕਾ ਨਿਭਾਉਣਗੇ ਅਤੇ ਇਸ ਮਾਪੇ-ਅਧਿਆਪਕ ਮਿਲਣੀ ਸਬੰਧੀ ਡਾਟੇ ਨੂੰ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨਗੇ।

ਡਾਇਰੈਕਟਰ ਐੱਸ. ਸੀ.ਈ.ਆਰ.ਟੀ, ਪੰਜਾਬ।

ਪਿੱਠ ਅੰਕਣ ਨੰ:SCERT/PPPP/PRI./ ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ ਟੂ ਸਕੱਤਰ ਸਕੂਲ ਸਿੱਖਿਆ।
2. ਪੀ.ਏ ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ.(ਸੈ.ਸਿੱ.), ਪੰਜਾਬ
4. ਡੀ.ਪੀ.ਆਈ. (ਐ.ਸਿੱ.), ਪੰਜਾਬ।

ਡਾਇਰੈਕਟਰ ਐੱਸ. ਸੀ.ਈ.ਆਰ.ਟੀ, ਪੰਜਾਬ।